# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 24-12-2024**

ਅੱਜ ਰਾਸ਼ਟਰੀ ਖਪਤਕਾਰ ਦਿਵਸ ਮਨਾਇਆ ਜਾ ਰਿਹਾ ਏ । ਇਸ ਮੌਕੇ ਕੇਂਦਰੀ ਖਪਤਕਾਰ ਮਾਮਲਿਆਂ ਦੇ ਮੰਤਰੀ ਪ੍ਰਹਿਲਾਦ ਜੋਸ਼ੀ ਨੇ ਅੱਜ ਈ-ਕਾਮਰਸ ਪਲੇਟਫਾਰਮਾਂ 'ਤੇ ਧੋਖਾਧੜੀ ਨੂੰ ਰੋਕਣ ਅਤੇ ਖਪਤਕਾਰਾਂ ਨੂੰ ਸ਼ਕਤੀ ਪ੍ਰਦਾਨ ਕਰਨ ਦੇ ਉਦੇਸ਼ ਨਾਲ ਕਈ ਪਹਿਲਕਦਮੀਆਂ ਦੀ ਸ਼ੁਰੂਆਤ ਕੀਤੀ । ਸ੍ਰੀ ਜੋਸ਼ੀ ਨੇ ਖਰੀਦਦਾਰਾਂ ਦੀ ਸੁਰੱਖਿਆ ਅਤੇ ਈ-ਕਾਮਰਸ ਪਲੇਟਫਾਰਮਾਂ 'ਤੇ ਧੋਖਾਧੜੀ ਦੀ ਪਛਾਣ ਕਰਨ ਲਈ, ਜਾਗੋ ਗ੍ਰਹਿਕ ਜਾਗੋ ਐਪ, ਜਾਗ੍ਰਿਤੀ ਐਪ, ਅਤੇ ਜਾਗ੍ਰਿਤੀ ਡੈਸ਼ਬੋਰਡ ਜਾਰੀ ਕੀਤਾ।'ਜਾਗੋ ਗ੍ਰਹਿਕ ਜਾਗੋ ਐਪ, ਔਨਲਾਈਨ ਗਤੀਵਿਧੀਆਂ ਦੌਰਾਨ ਸਾਰੇ URLs ਬਾਰੇ ਜ਼ਰੂਰੀ ਈ-ਕਾਮਰਸ ਜਾਣਕਾਰੀ ਪ੍ਰਦਾਨ ਕਰੇਗਾ, ਜੇਕਰ ਕੋਈ URL ਅਸੁਰੱਖਿਅਤ ਏ ਅਤੇ ਸਾਵਧਾਨੀ ਦੀ ਲੋੜ ਏ ਤਾਂ ਉਨ੍ਹਾਂ ਨੂੰ ਸੁਚੇਤ ਕਰੇਗਾ। ਆਪਣੇ ਸੰਦੇਸ਼

ਵਿੱਚ, ਪ੍ਰਹਿਲਾਦ ਜੋਸ਼ੀ ਨੇ ਖਪਤਕਾਰਾਂ ਦੇ ਅਧਿਕਾਰਾਂ ਦੀ ਰੱਖਿਆ ਅਤੇ ਸ਼ਕਤੀਕਰਨ ਦੀ ਸਰਕਾਰ ਦੀ ਵਚਨਬੱਧਤਾ ਦੀ ਪੁਸ਼ਟੀ ਕੀਤੀ।

-----------------------------------------------------------

ਇਸੇ ਸਿਲਸਿਲੇ ਵਿੱਚ, ਜਲੰਧਰ ਖਪਤਕਾਰ ਸ਼ਿਕਾਇਤ ਨਿਵਾਰਨ ਕਮਿਸ਼ਨ ਦੇ ਮੁਖੀ ਡਾਕਟਰ ਹਰਵੀਨ  ਭਾਰਦਵਾਜ ਨੇ ਦੱਸਿਆ ਕਿ ਸਾਰੇ ਖਪਤਕਾਰਾਂ ਨੂੰ ਚੌਕੰਨਾ ਰਹਿਣਾ ਚਾਹੀਦਾ ਏ  ਅਤੇ ਕਿਸੇ ਖਰੀਦੀ ਗਈ ਵਸਤੂ ਦੇ ਖਰਾਬ ਨਿਕਲਣ ਦੀ ਸਥਿਤੀ ਵਿੱਚ,ਜੇਕਰ ਦੁਕਾਨਦਾਰ ਉਸਨੂੰ ਵਾਪਸ ਲੈਣ ਤੋਂ ਇਨਕਾਰ ਕਰਦਾ ਏ ਤਾਂ  ਕਮਿਸ਼ਨ ਕੋਲ ਸ਼ਿਕਾਇਤ ਕਰਨੀ ਚਾਹੀਦੀ ਏ ।  ਡਾਕਟਰ ਭਾਰਦਵਾਜ ਨੇ ਕਿਹਾ ਕਿ ਕਿਸੇ ਵੀ ਖਰੀਦੀ ਗਈ ਵਸਤੂ ਦਾ ਬਿੱਲ ਹੋਣਾ ਬਹੁਤ ਜਰੂਰੀ ਏ । ਜੇਕਰ ਕੋਈ ਵਸਤੂ ਆਨਲਾਈਨ ਖਰੀਦਣ ਤੋਂ ਬਾਅਦ, ਖਰਾਬ ਨਿਕਲਦੀ ਏ ਅਤੇ ਸੰਬੰਧਿਤ ਕੰਪਨੀ ਉਸਨੂੰ ਵਾਪਸ ਨਹੀਂ ਲੈ ਰਹੀ, ਤਾਂ ਉਸ ਦਾ ਇਲੈਕਟਰੋਨਿਕ ਰਿਕਾਰਡ ਹੋਣਾ ਵੀ ਲਾਜ਼ਮੀ ਏ । ਉਹਨਾਂ ਕਿਹਾ ਕਿ ਜੇਕਰ ਕਿਸੇ ਏਅਰਲਾਈਨ ਕੰਪਨੀ ਵੱਲੋਂ, ਬਿਨਾਂ ਇਤਲਾਹ ਤੇ ਉੜਾਨ ਵਿੱਚ ਦੇਰੀ ਕੀਤੀ ਜਾਂਦੀ ਏ  ਤਾਂ ਕੋਈ ਮੁਆਵਜ਼ਾ ਨਹੀਂ ਦਿੱਤਾ ਜਾਂਦਾ ਅਤੇ

ਇਸ ਮਾਮਲੇ ਵਿੱਚ ਵੀ, ਖਪਤਕਾਰ ਵਲੋਂ ਸ਼ਿਕਾਇਤ ਕੀਤੀ ਜਾ ਸਕਦੀ ਏ । ਕੁਦਰਤੀ ਆਫਤ ਜਿਵੇਂ ਕਿ ਧੁੰਦ ਜਾਂ ਕਿਸੇ ਹੋਰ ਸਥਿਤੀ ਵਿੱਚ ਅਜਿਹਾ ਨਹੀਂ ਕੀਤਾ ਜਾ ਸਕਦਾ । ਉਨਾਂ ਦੱਸਿਆ ਕਿ ਕਿਸੇ ਵੀ ਖਪਤਕਾਰ ਵੱਲੋਂ 5 ਲੱਖ ਰੁਪਏ ਦੇ ਦਾਅਵੇ ਤੱਕ ਕੋਈ ਫੀਸ ਨਹੀਂ ਲਈ ਜਾਂਦੀ । ਖਪਤਕਾਰ ਕਮਿਸ਼ਨ ਸਾਰਾ ਖਰਚ ਆਪ ਹੀ ਅਦਾ ਕਰਦਾ ਏ । ਜੇਕਰ ਖਪਤਕਾਰ ਦਾ ਦਾਅਵਾ 10 ਲੱਖ ਤੋਂ 50 ਲੱਖ ਰੁਪਏ ਤੱਕ ਦਾ ਹੁੰਦਾ ਏ ਤਾਂ 200 ਰੁਪਏ ਤੋਂ ਲੈ ਕੇ ਇਕ ਹਜ਼ਾਰ ਰੁਪਏ ਤੱਕ ਫੀਸ ਲੱਗਦੀ ਏ । ਡਾਕਟਰ ਹਰਵੀਨ ਭਾਰਦਵਾਜ ਨੇ ਦੱਸਿਆ ਕਿ ਜੇਕਰ ਕੋਈ ਗਰੀਬ ਵਿਅਕਤੀ, ਫੀਸ ਦੇਣ ਵਿੱਚ ਅਸਮਰਥ ਏ ਤਾਂ ਜ਼ਿਲਾ ਕਾਨੂੰਨੀ ਸਹਾਇਤਾ ਅਥਾਰਟੀ, ਕਾਨੂਨੀ ਕੇਸ ਲੜਨ ਵਿੱਚ ਉਸਦੀ ਮਦਦ ਕਰਦੀ ਏ ।

---------------------------------------------------------------

ਪੰਜਾਬ ਦੇ ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਅਮਨ ਅਰੋੜਾ ਨੇ ਕਿਹਾ ਏ ਕਿ ਸੂਬੇ ਨੂੰ ਸੂਰਜੀ ਊਰਜਾ ਉਤਪਾਦਨ ਵਿੱਚ ਮੋਹਰੀ ਬਣਾਉਣ ਅਤੇ ਰਿਵਾਇਤੀ ਈਂਧਨ ’ਤੇ ਨਿਰਭਰਤਾ ਘਟਾਉਣ ਦੇ

ਉਦੇਸ਼ ਨਾਲ, ਪੰਜਾਬ ਸਰਕਾਰ ਵੱਲੋਂ ਕੁੱਲ 264 ਮੈਗਾਵਾਟ ਸਮਰੱਥਾ ਦੇ 66 ਸੂਰਜੀ ਊਰਜਾ ਪਲਾਂਟ ਸਥਾਪਤ ਕੀਤੇ ਜਾਣਗੇ। ਅਮਨ ਅਰੋੜਾ ਨੇ ਦੱਸਿਆ ਕਿ ਸੂਰਜੀ ਊਰਜਾ ਦਾ ਇਹ ਵੱਕਾਰੀ ਪ੍ਰਾਜੈਕਟ ਦਸੰਬਰ 2025 ਦੇ ਅਖੀਰ ਤੱਕ ਮੁਕੰਮਲ ਹੋ ਜਾਵੇਗਾ। ਇਸ ਪ੍ਰਾਜੈਕਟ ਦੇ ਚਾਲੂ ਹੋਣ 'ਤੇ ਸਾਲਾਨਾ ਲਗਭਗ 400 ਮਿਲੀਅਨ ਯੂਨਿਟ ਬਿਜਲੀ ਪੈਦਾ ਹੋਵੇਗੀ। ਪ੍ਰਾਜੈਕਟ ਦੇ ਲਾਗੂ ਹੋਣ ਨਾਲ ਖੇਤੀਬਾੜੀ ਬਿਜਲੀ ਸਬਸਿਡੀ ਦੇ ਕਰੀਬ 176 ਕਰੋੜ ਰੁਪਏ ਦੀ ਸਾਲਾਨਾ ਬੱਚਤ ਹੋਣ ਦੀ ਸੰਭਾਵਨਾ ਏ। ਇਹ ਪ੍ਰਾਜੈਕਟ ਸੂਬੇ ਦੀ ਨਵਿਆਉਣਯੋਗ ਊਰਜਾ ਸਮਰੱਥਾ ਵਿੱਚ ਅਹਿਮ ਯੋਗਦਾਨ ਪਾਵੇਗਾ ਅਤੇ ਇਸ ਤੋਂ ਇਲਾਵਾ ਊਰਜਾ ਦੇ ਰਿਵਾਇਤੀ ਸਰੋਤਾਂ 'ਤੇ ਨਿਰਭਰਤਾ ਘਟਾਉਣ ਦੇ ਨਾਲ-ਨਾਲ ਕਾਰਬਨ ਨਿਕਾਸੀ ਨੂੰ ਵੀ ਘੱਟ ਕਰੇਗਾ।

--------------------------------------------------------

ਰੱਖਿਆ ਮੰਤਰਾਲੇ ਨੇ ਕਿਹਾ ਏ ਕਿ ਗਣਤੰਤਰ ਦਿਵਸ ਸਮਾਗਮ -2025 ਲਈ, ਝਾਕੀ ਦਾ ਥੀਮ 'ਸੁਨਹਿਰੀ ਭਾਰਤ: ਵਿਰਾਸਤ ਅਤੇ ਵਿਕਾਸ' ਰੱਖਿਆ ਗਿਆ ਏ।ਮੰਤਰਾਲੇ ਨੇ ਕਿਹਾ ਕਿ ਗਣਤੰਤਰ ਦਿਵਸ

ਪਰੇਡ ਦੌਰਾਨ, ਕਰੱਤਵ ਪਥ 'ਤੇ ਪ੍ਰਦਰਸ਼ਿਤ ਕਰਨ ਲਈ ਪੰਜਾਬ ਸਮੇਤ 15 ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀ ਝਾਕੀ ਚੁਣੀ ਗਈ ਏ।ਚੁਣੀ ਗਈ ਝਾਂਕੀ ਭਾਰਤ ਦੀਆਂ ਵਿਭਿੰਨ ਸ਼ਕਤੀਆਂ ਅਤੇ ਇਸਦੀ ਸਭਿਆਚਾਰਕ ਸ਼ਮੂਲੀਅਤ ਨੂੰ ਪ੍ਰਦਰਸ਼ਿਤ ਕਰੇਗੀ, ਜੋ ਇੱਕ ਸ਼ਾਨਦਾਰ ਭਵਿੱਖ ਵੱਲ ਅਗਵਾਈ ਕਰੇਗੀ ਅਤੇ ਵਿਸ਼ਵ ਨੂੰ ਸੁਨਹਿਰੀ ਭਾਰਤ ਦੀ ਵਿਰਾਸਤ ਅਤੇ ਵਿਕਾਸ ਦਾ ਪ੍ਰਦਰਸ਼ਨ ਕਰੇਗੀ।

--------------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ: ਬਲਬੀਰ ਸਿੰਘ ਨੇ ਸੂਬੇ ਦੇ ਲੋਕਾਂ ਨੂੰ ਬਿਹਤਰੀਨ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਸਾਰੇ ਸਿਵਲ ਸਰਜਨਾ ਨੂੰ ਨਿਰਦੇਸ਼ ਦਿੱਤੇ ਹਨ ਕਿ ਉਹ, ਸਰਕਾਰੀ ਸਿਹਤ ਸੰਸਥਾਵਾਂ ਵਿੱਚ ਜ਼ਰੂਰੀ ਦਵਾਈਆਂ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਤਾਂ ਜੋ ਇਲਾਜ ਲਈ ਆਉਣ ਲੋਕਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਕਲ ਚੰਡੀਗੜ੍ਹ ਵਿਚ ਸਿਵਲ ਸਰਜਨਾਂ ਲਈ ਇੱਕ ਕਾਨਫਰੰਸ ਤੇ ਸਿਖਲਾਈ ਵਰਕਸ਼ਾਪ ਦੀ ਪ੍ਰਧਾਨਗੀ ਕਰਦਿਆਂ ਸਿਹਤ ਮੰਤਰੀ ਨੇ ਸਾਰੇ ਸਿਵਲ ਸਰਜਨਾਂ ਦੀ

ਕਾਰਗੁਜ਼ਾਰੀ ਦੀ ਸਮੀਖਿਆ ਵੀ ਕੀਤੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਡਾਕਟਰਾਂ ਅਤੇ ਹਸਪਤਾਲ ਦੇ ਸਟਾਫ਼ ਨੂੰ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਲੋਕਾਂ ਦੇ ਵਿਸ਼ਵਾਸ਼ ਨੂੰ ਹੋਰ ਮਜਬੂਤ ਕਰਨ ਲਈ ਮਰੀਜਾਂ ਅਤੇ ਉਹਨਾਂ ਨਾਲ ਦੇਖਭਾਲ ਲਈ ਆਉਣ ਵਾਲੇ ਵਿਅਕਤੀਆਂ ਪ੍ਰਤੀ ਨਿਮਰਤਾ ਵਾਲਾ ਵਤੀਰਾ ਰੱਖਣਾ ਚਾਹੀਦਾ ਏ । ਉਨ੍ਹਾਂ ਕਿਹਾ ਕਿ ਨਰਸਿੰਗ ਦੇ ਵਿਦਿਆਰਥੀਆਂ ਨੂੰ ਬਲੱਡ ਪ੍ਰੈਸ਼ਰ, ਐਚ.ਬੀ. ਲੈਵਲ ਅਤੇ ਅੱਖਾਂ ਦੀ ਜਾਂਚ ਸਬੰਧੀ ਸਿਖਲਾਈ ਦਿੱਤੀ ਜਾਵੇ ਅਤੇ ਉਨ੍ਹਾਂ ਦੀਆਂ ਸੇਵਾਵਾਂ ਨੂੰ ਹਸਪਤਾਲਾਂ ਵਿੱਚ ਮਰੀਜ਼ਾਂ ਅਤੇ ਉਨ੍ਹਾਂ ਦੇ ਅਟੈਂਡੈਂਟਾਂ ਦੀ ਸਹਾਇਤਾ ਲਈ ਵੀ ਵਰਤਿਆ ਜਾਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਨੂੰ ਕਿਸੇ ਦੁਰਘਟਨਾ ਜਾਂ ਐਮਰਜੈਂਸੀ ਦੀ ਸਥਿਤੀ ਵਿੱਚ ਦੂਜਿਆਂ ਦੀ ਸਹਾਇਤਾ ਕਰਨ ਦੇ ਯੋਗ ਬਣਾਉਣ ਲਈ ਮੁਢਲੀ ਸਹਾਇਤਾ ਪ੍ਰਦਾਨ ਕਰਨ ਸਬੰਧੀ ਸਿਖਲਾਈ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੂਰੀ ਲਗਨ ਨਾਲ ਕੰਮ ਕਰਨ ਬਾਰੇ ਸਿਹਤ ਅਧਿਕਾਰੀਆਂ ਅਤੇ ਕਰਮਚਾਰੀਆਂ ਦਾ ਸਨਮਾਨ ਵੀ ਕੀਤਾ ਜਾਵੇਗਾ।

---------------------------------------------------------------

ਕਾਨੂੰਨ ਅਤੇ ਵਿਵਸਥਾ ਬਾਰੇ ਵਿਸ਼ੇਸ਼ DGP ਅਰਪਿਤ ਸ਼ੁਕਲਾ ਨੇ ਸ਼ਹੀਦੀ ਸਭਾ ਤੋਂ ਪਹਿਲਾਂ ਕੱਲ ਫ਼ਤਹਿਗੜ੍ਹ ਸਾਹਿਬ ਦਾ ਦੌਰਾ ਕੀਤਾ ਅਤੇ ਜ਼ਿਲ੍ਹੇ ਵਿੱਚ ਸਮਾਗਮ ਨੂੰ ਸੁਚਾਰੂ ਅਤੇ ਸੁਰੱਖਿਅਤ ਢੰਗ ਨਾਲ ਨੇਪਰੇ ਚਾੜ੍ਹਨ ਲਈ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ। ਜ਼ਿਕਰਯੋਗ ਕਿ ਦਸਵੇਂ ਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਹਿ ਸਿੰਘ ਦੀ ਸ਼ਹਾਦਤ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਤਿੰਨ ਰੋਜ਼ਾ ਸਾਲਾਨਾ ਸ਼ਹੀਦੀ ਸਮਾਗਮ 25 ਤੋਂ 27 ਦਸੰਬਰ ਤੱਕ ਫ਼ਤਹਿਗੜ੍ਹ ਸਾਹਿਬ ਵਿਖੇ ਕਰਵਾਇਆ ਜਾਵੇਗਾ। ਅਰਪਿਤ ਸ਼ੁਕਲਾ ਨੇ ਰੋਪੜ ਰੇਂਜ ਦੇ ਡੀ.ਆਈ.ਜੀ ਹਰਚਰਨ ਸਿੰਘ ਭੁੱਲਰ ਅਤੇ ਐਸ.ਐਸ.ਪੀ ਡਾ. ਰਵਜੋਤ ਗਰੇਵਾਲ ਨਾਲ ਸ਼ਹੀਦੀ ਸਭਾ ਦੇ ਸਮਾਗਮ ਦੇ ਪੁਖਤਾ ਸੁਰੱਖਿਆ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਲਈ, ਤਾਇਨਾਤ ਸਾਰੇ ਡੀ.ਐਸ.ਪੀ ਅਤੇ ਐਸ.ਪੀ. ਰੈਂਕ ਦੇ ਅਧਿਕਾਰੀਆਂ ਅਤੇ 3200 ਪੁਲਿਸ ਬਲ ਨਾਲ ਸੁਰੱਖਿਆ ਪ੍ਰਬੰਧਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਸੰਗਤਾਂ ਨਾਲ ਨਿਮਰਤਾ ਨਾਲ

ਵਿਵਹਾਰ ਕਰਨ ਅਤੇ ਇਸ ਨੂੰ ਸਫ਼ਲ ਬਣਾਉਣ ਲਈ ਪੂਰੀ ਲਗਨ ਅਤੇ ਤਨਦੇਹੀ ਨਾਲ ਕੰਮ ਕਰਨ ਲਈ ਕਿਹਾ।ਉਨ੍ਹਾਂ ਦੱਸਿਆ ਕਿ ਕੁੱਲ 20 ਪਾਰਕਿੰਗ ਥਾਵਾਂ ਨਿਰਧਾਰਿਤ ਕੀਤੀਆਂ ਗਈਆਂ ਨੇ ਅਤੇ ਸ਼ਰਧਾਲੂਆਂ ਦੀ ਸਹੂਲਤ ਲਈ ਪਾਰਕਿੰਗ ਏਰੀਆ ਅਤੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਚਕਾਰ ਸ਼ਟਲ ਬੱਸ ਸੇਵਾ ਵਧਾ ਕੇ 100 ਬੱਸਾਂ ਦੀ ਵਿਵਸਥਾ ਕੀਤੀ ਗਈ ਏ । ਉਨ੍ਹਾਂ ਕਿਹਾ ਕਿ ਸਮੁੱਚੇ ਸ਼ਹਿਰ ਨੂੰ ਇੱਕ ਤਰਫਾ ਆਵਾਜਾਈ ਮਾਰਗ ਵਿੱਚ ਤਬਦੀਲ ਕਰ ਦਿੱਤਾ ਗਿਆ ਏ ।

---------------------------------------------------------------

ਤਿੰਨ ਮੈਚਾਂ ਦੀ ਆਈ.ਸੀ.ਸੀ ਚੈਂਪੀਅਨਸ਼ਿਪ ਲੜੀ ਦੇ ਦੂਜੇ ਇਕ ਦੀਨਾਂ ਮੈਚ ਵਿੱਚ, ਔਰਤਾਂ ਦੀ ਭਾਰਤੀ ਟੀਮ ਦਾ ਮੁਕਾਬਲਾ ਅੱਜ ਵੈਸਟਇੰਡੀਜ਼ ਨਾਲ ਹੋਵੇਗਾ । ਇਹ ਮੈਚ ਵਡੋਦਰਾ ਦੇ ਕੋਟੰਬੀ ਸਟੇਡੀਅਮ 'ਚ ਦੁਪਹਿਰ 1 ਵੱਜਕੇ 30 ਮਿੰਟ ਤੋਂ ਖੇਡਿਆ ਜਾਵੇਗਾ।